ਸਿਰੀਰਾਗੁ ਮਹਲਾ ੩ ॥ ਮਨਮੁਖ ਕਰਮ ਕਮਾਵਣੇ ਜਿਉ ਦੋਹਾਗਣਿ ਤਨਿ ਸੀਗਾਰੁ ॥ ਸੇਜੈ ਕੰਤੁ ਨ ਆਵਈ ਨਿਤ ਨਿਤ ਹੋਇ ਖੁਆਰੁ ॥ ਪਿਰ ਕਾ ਮਹਲੁ ਨ ਪਾਵਈ ਨਾ ਦੀਸੈ ਘਰੁ ਬਾਰੁ ॥੧॥ ਭਾਈ ਰੇ ਇਕ ਮਨਿ ਨਾਮੁ ਧਿਆਇ ॥ ਸੰਤਾ ਸੰਗਤਿ ਮਿਲਿ ਰਹੈ ਜਪਿ ਰਾਮ ਨਾਮੁ ਸੁਖੁ ਪਾਇ ॥੧॥ ਰਹਾਉ ॥ ਗੁਰਮੁਖਿ ਸਦਾ ਸੋਹਾਗਣੀ ਪਿਰੁ ਰਾਖਿਆ ਉਰ ਧਾਰਿ ॥ ਮਿਠਾ ਬੋਲਹਿ ਨਿਵਿ ਚਲਹਿ ਸੇਜੈ ਰਵੈ ਭਤਾਰੁ ॥ ਸੋਭਾਵੰਤੀ ਸੋਹਾਗਣੀ ਜਿਨ ਗੁਰ ਕਾ ਹੇਤੁ ਅਪਾਰੁ ॥ ੨॥ ਪੂਰੈ ਭਾਗਿ ਸਤਗੁਰੁ ਮਿਲੈ ਜਾ ਭਾਗੈ ਕਾ ਉਦਉ ਹੋਇ ॥ ਅੰਤਰਹੁ ਦੁਖੁ ਭ੍ਰਮੁ ਕਟੀਐ ਸੁਖੁ ਪਰਾਪਤਿ ਹੋਇ ॥ ਗੁਰ ਕੈ ਭਾਣੈ ਜੋ ਚਲੈ ਦੁਖੁ ਨ ਪਾਵੈ ਕੋਇ ॥੩॥ ਗੁਰ ਕੇ ਭਾਣੇ ਵਿਚਿ ਅੰਮ੍ਰਿਤੁ ਹੈ ਸਹਜੇ ਪਾਵੈ ਕੋਇ ॥ ਜਿਨਾ ਪਰਾਪਤਿ ਤਿਨ ਪੀਆ ਹਉਮੈ ਵਿਚਹੁ ਖੋਇ ॥ ਨਾਨਕ ਗੁਰਮੁਖਿ ਨਾਮੁ ਧਿਆਈਐ ਸਚਿ ਮਿਲਾਵਾ ਹੋਇ ॥੪॥੧੩॥੪੬॥ {ਪੰਨਾ 31}

ਪਦਅਰਥ:- ਕਰਮ—(ਧਾਰਮਿਕ) ਕੰਮ। ਦੋਹਾਗਣਿ—{duBwignI} ਮੰਦ-ਭਾਗਣ ਇਸਤ੍ਰੀ, ਛੁੱਟੜ। ਤਨਿ—ਸਰੀਰ ਉਤੇ। ਨ ਆਵਈ—ਨ ਆਵਏ, ਨ ਆਵੈ, ਨਹੀਂ ਆਉਂਦਾ। ਪਾਵਈ—ਪਾਵਏ, ਪਾਵੈ। ਬਾਰੁ—ਦਰਵਾਜ਼ਾ।1।

ਇਕ ਮਨਿ—ਇਕ ਮਨ ਦੀ ਰਾਹੀਂ, ਇਕਾਗ੍ਰ-ਮਨ ਹੋ ਕੇ। ਜਪਿ—ਜਪ ਕੇ।1। ਰਹਾਉ।

ਸੋਹਾਗਣੀ—{sOBwignI} ਚੰਗੇ ਭਾਗਾਂ ਵਾਲੀ। ਉਰ ਧਾਰਿ—ਹਿਰਦੇ ਵਿਚ ਟਿਕਾ ਕੇ। ਭਤਾਰੁ—ਖਸਮ। ਹੇਤੁ—ਪਿਆਰ। ਅਪਾਰੁ—ਬਹੁਤ, ਅਥਾਹ।2।

ਉਦਉ—{adX} ਪ੍ਰਗਟਾਵਾ। ਭ੍ਰਮੁ—ਭਟਕਣਾ।3।

ਸਹਜੇ—ਸਹਜਿ ਹੀ, ਆਤਮਕ ਅਡੋਲਤਾ ਵਿਚ ਹੀ। ਖੋਇ—ਨਾਸ ਕਰ ਕੇ। ਸਚਿ—ਸਦਾ-ਥਿਰ ਪ੍ਰਭੂ ਵਿਚ।4।

ਅਰਥ:- ਹੇ ਭਾਈ! ਇਕਾਗ੍ਰ-ਮਨ ਹੋ ਕੇ ਪਰਾਮਤਮਾ ਦਾ ਨਾਮ ਸਿਮਰ। ਜੇਹੜਾ ਮਨੁੱਖ ਸਾਧ ਸੰਗਤਿ ਵਿਚ ਟਿਕਿਆ ਰਹਿੰਦਾ ਹੈ ਉਹ ਪਰਮਾਤਮਾ ਦਾ ਨਾਮ ਸਿਮਰ ਕੇ ਸੁਖ ਮਾਣਦਾ ਹੈ।1।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੇ (ਧਾਰਮਿਕ) ਕੰਮ ਕਮਾਣੇ ਇਉਂ ਹਨ ਜਿਵੇਂ ਕੋਈ ਛੁੱਟੜ ਇਸਤ੍ਰੀ (ਆਪਣੇ) ਸਰੀਰ ਉੱਤੇ ਸਿੰਗਾਰ ਕਰਦੀ ਹੈ। ਉਸ ਦਾ ਪਤੀ (ਉਸ ਦੀ) ਸੇਜ ਉਤੇ (ਕਦੇ) ਨਹੀਂ ਆਉਂਦਾ, ਉਹ ਵਿਅਰਥ ਸਿੰਗਾਰ ਕਰ ਕੇ) ਸਦਾ ਖ਼ੁਆਰ ਹੁੰਦੀ ਹੈ। (ਇਸੇ ਤਰ੍ਹਾਂ ਮਨਮੁਖ ਮਨੁੱਖ ਵਿਖਾਏ ਦੇ ਧਾਰਮਿਕ ਕੰਮਾਂ ਨਾਲ) ਪ੍ਰਭੂ-ਪਤੀ ਦੀ ਹਜ਼ੂਰੀ ਨਹੀਂ ਪ੍ਰਾਪਤ ਕਰ ਸਕਦਾ, ਉਸ ਨੂੰ ਪ੍ਰਭੂ ਦਾ ਦਰ-ਘਰ ਨਹੀਂ ਦਿੱਸਦਾ।1।

ਸਦਾ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸੁਹਾਗਣਾਂ (ਵਾਂਗ) ਹਨ, ਉਹ ਪ੍ਰਭੂ-ਪਤੀ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ, ਉਹ (ਸਭਨਾਂ ਨਾਲ) ਮਿੱਠੇ ਬੋਲ ਬੋਲਦੇ ਹਨ, ਨਿਉਂ ਕੇ ਤੁਰਦੇ ਹਨ (ਗਰੀਬੀ ਸੁਭਾਵ ਵਾਲੇ ਹੁੰਦੇ ਹਨ), ਉਹਨਾਂ ਦੇ ਹਿਰਦੇ-ਸੇਜ ਨੂੰ ਪ੍ਰਭੂ-ਪਤੀ ਮਾਣਦਾ ਹੈ। ਜਿਨ੍ਹਾਂ ਮਨੁੱਖਾਂ ਨੇ ਗੁਰੂ ਦਾ ਅਤੁੱਟ ਪਿਆਰ (ਆਪਣੇ ਹਿਰਦੇ ਵਿਚ ਵਸਾਇਆ ਹੈ) ਉਹ ਉਹਨਾਂ ਸੁਹਾਗਣਾਂ ਵਾਂਗ ਹਨ ਜਿਨ੍ਹਾਂ ਸੋਭਾ ਖੱਟੀ ਹੈ।2।

ਜਦੋਂ ਕਿਸੇ ਮਨੁੱਖ ਦਾ ਭਾਗ ਜਾਗ ਪਏ, ਤਾਂ ਵੱਡੀ ਕਿਸਮਤ ਨਾਲ ਉਸ ਨੂੰ ਸਤਿਗੁਰੂ ਮਿਲ ਪੈਂਦਾ ਹੈ। (ਗੁਰੂ ਦੇ ਮਿਲਣ ਨਾਲ) ਹਿਰਦੇ ਵਿਚੋਂ ਦੁੱਖ ਕੱਟਿਆ ਜਾਂਦਾ ਹੈ, ਭਟਕਣਾ ਦੂਰ ਹੋ ਜਾਂਦੀ ਹੈ, ਆਤਮਕ ਆਨੰਦ ਪ੍ਰਾਪਤ ਹੁੰਦਾ ਹੈ। ਜੇਹੜਾ ਭੀ ਮਨੁੱਖ ਗੁਰੂ ਦੇ ਹੁਕਮ ਵਿਚ ਹੈ, ਉਹ ਕਦੇ ਦੁੱਖ ਨਹੀਂ ਪਾਂਦਾ।3।

ਗੁਰੂ ਦੀ ਰਜ਼ਾ ਵਿਚ ਨਾਮ-ਅੰਮ੍ਰਿਤ ਹੈ (ਜੇਹੜਾ ਰਜ਼ਾ ਵਿਚ ਤੁਰਦਾ ਹੈ) ਉਹ ਆਤਮਕ ਅਡੋਲਤਾ ਵਿਚ ਟਿਕ ਕੇ ਅੰਮ੍ਰਿਤ ਪੀਂਦਾ ਹੈ। ਜਿਨ੍ਹਾਂ ਮਨੁੱਖਾਂ ਨੂੰ ਇਹ ਅੰਮ੍ਰਿਤ ਲੱਭ ਪਿਆ, ਉਹਨਾਂ ਆਪਣੇ ਅੰਦਰੋਂ ਹਉਮੈ ਦੂਰ ਕਰ ਕੇ ਪੀਤਾ।

ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ। (ਸਿਮਰਨ ਦੀ ਬਰਕਤਿ ਨਾਲ) ਸਦਾ-ਥਿਰ ਪ੍ਰਭੂ ਵਿਚ ਮੇਲ ਹੋ ਜਾਂਦਾ ਹੈ।4।13। 46।